ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜਪੁਰ

ਕਰੋਨਾ ਵਾਇਰਸ ਸਬੰਧੀ ਜਾਣਕਾਰੀ ਕੋਵਾ ਐਪ ਰਾਹੀਂ ਹਾਸਲ ਕੀਤੀ ਜਾ ਸਕਦੀ ਅਤੇ ਡਾਕਟਰੀ ਸਲਾਹ ਵੀ ਲਈ ਜਾ ਸਕਦੀ ਹੈ : ਡਿਪਟੀ ਕਮਿਸ਼ਨਰ

ਕੋਈ ਵੀ ਵਿਅਕਤੀ ਜਾਂ ਸੰਸਥਾ ਸਵੈ-ਇੱਛਾ ਨਾਲ ਰਜਿਸਟ੍ਰੇਸ਼ਨ ਕਰਵਾ ਕੇ ਵਲੰਟੀਅਰ ਦੇ ਤੌਰ 'ਤੇ ਸੇਵਾਵਾਂ ਨਿਭਾਅ ਸਕਦੇ ਹਨ

ਫਿਰੋਜ਼ਪੁਰ, 3 ਅਪ੍ਰੈਲ 2020.

ਪੰਜਾਬ ਵਿਚ ਕੋਵਿਡ-19 ਨੂੰ ਫੈਲਣ ਤੋਂ ਰੋਕਣ ਲਈ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ 'ਤੇ ਜ਼ਰੂਰੀ ਹਦਾਇਤਾਂ ਕੀਤੀਆਂ ਜਾ ਰਹੀਆਂ ਹਨ ਅਤੇ ਲੋਕਾਂ ਨੂੰ ਸੁਰੱਖਿਅਤ ਰੱਖਣ ਦੀ ਇਸ ਪ੍ਰਕਿਰਿਆ ਕਾਰਨ ਜ਼ਿਲ੍ਹੇ ਵਿਚ ਕਰਫ਼ਿਊ ਵੀ ਲਗਾਇਆ ਗਿਆ ਹੈ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਕਰਫ਼ਿਊ ਦੌਰਾਨ ਆਮ ਲੋਕਾਂ ਤੱਕ ਡਾਕਟਰੀ ਪਹੁੰਚ ਯਕੀਨੀ ਬਣਾਉਣ ਲਈ ਰਾਜ ਸਰਕਾਰ ਵੱਲੋਂ ਕੋਵਾ ਐਪ ਦੇ ਮਾਧਿਅਮ ਨਾਲ ਕੁਨੈਕਟ ਟੂ ਡਾਕਟਰ ਨਾਮ ਦਾ ਵਿਸ਼ੇਸ਼ ਹੈਲਪ ਲਾਈਨ ਨੰਬਰ 1800-180-4104 ਜਾਰੀ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਇਹ ਸੁਵਿਧਾ ਨਾਗਰਿਕਾਂ ਨੂੰ ਦੇਸ਼ ਭਰ 'ਚ 1800 ਤੋਂ ਵੱਧ ਮਾਹਿਰ ਡਾਕਟਰਾਂ ਦੇ ਨੈੱਟਵਰਕ ਨਾਲ ਜੁੜਨ ਵਿਚ ਮਦਦ ਕਰੇਗੀ ਅਤੇ ਜਨਤਾ ਕੋਵਿਡ-19 ਅਤੇ ਹੋਰ ਚਿੰਤਾਵਾਂ ਸਬੰਧੀ ਡਾਕਟਰੀ ਸਲਾਹ ਪ੍ਰਾਪਤ ਕਰ ਸਕਣਗੇ। ਉਨ੍ਹਾਂ ਇਸ ਸਬੰਧ 'ਚ ਜ਼ਿਲ੍ਹੇ ਦੇ ਮਾਹਿਰ ਡਾਕਟਰਾਂ ਨੂੰ ਵੀ ਅਪੀਲ ਕੀਤੀ ਕਿ ਉਹ ਸਵੈ-ਇੱਛੁਕ ਭਾਗੀਦਾਰੀ ਲਈ ਇਸ ਨੇਕ ਉਪਰਾਲੇ ਦਾ ਹਿੱਸਾ ਬਣ ਸਕਦੇ ਹਨ।

ਉਨ੍ਹਾਂ ਦੱਸਿਆ ਕਿ ਕਰੋਨਾ ਵਾਇਰਸ ਖਿਲਾਫ ਜੰਗ ਵਿਚ ਹਰੇਕ ਵਿਅਕਤੀ ਦੀ ਭਾਗੀਦਾਰੀ ਯਕੀਨੀ ਬਣਾਉਣ ਲਈ ਕੋਵਾ ਐਪ ਰਾਹੀਂ ਰਜਿਸਟ੍ਰੇਸ਼ਨ ਪ੍ਰਕਿਰਿਆ ਸ਼ੁਰੂ ਕੀਤੀ ਜਾ ਰਹੀ ਹੈ, ਜਿਸ ਰਾਹੀਂ ਕੋਈ ਵੀ ਵਿਅਕਤੀ ਜਾਂ ਸੰਸਥਾ ਸਵੈ-ਇੱਛਾ ਨਾਲ ਰਜਿਸਟ੍ਰੇਸ਼ਨ ਕਰਵਾ ਕੇ ਵਲੰਟੀਅਰ ਦੇ ਤੌਰ 'ਤੇ ਸੇਵਾਵਾਂ ਨਿਭਾਅ ਸਕਦੇ ਹਨ। ਉਨ੍ਹਾਂ ਕਿਹਾ ਕਿ ਰਜਿਸਟਰਡ ਵਲੰਟੀਅਰਾਂ ਤੋਂ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸੇਵਾਵਾਂ ਹਾਸਲ ਕੀਤੀਆਂ ਜਾ ਸਕਦੀਆਂ ਹਨ। ਉਨ੍ਹਾਂ ਜਨਤਾ ਨੂੰ ਅਪੀਲ ਕੀਤੀ ਕਿ ਉਹ ਕੋਵਾ ਐਪ ਡਾਊਨਲੋਡ ਕਰ ਕੇ ਆਪਣੇ ਆਪ ਨੂੰ ਵਲੰਟੀਅਰ ਵਜੋਂ ਰਜਿਸਟਰਡ ਕਰ ਸਕਦੇ ਹਨ।

ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਵਲੰਟੀਅਰ ਤੋਂ ਵੱਖ-ਵੱਖ ਤਰ੍ਹਾਂ ਦੀਆਂ ਸੇਵਾਵਾਂ ਲਈਆਂ ਜਾਣਗੀਆਂ ਅਤੇ ਇਨ੍ਹਾਂ ਸੇਵਾਵਾਂ ਨੂੰ ਵੱਖ-ਵੱਖ ਕੈਟਾਗਰੀ ਵਿਚ ਵੰਡਿਆਂ ਗਿਆ ਹੈ। ਪਹਿਲੀ ਕੈਟਾਗਰੀ ਕਮਿਊਨਿਟੀ ਰਿਸਪਾਂਸ ਵਲੰਟੀਅਰ ਦੀ ਹੈ, ਜਿਸ ਦੀ ਭੂਮਿਕਾ ਦਵਾਈਆਂ, ਭੋਜਨ ਅਤੇ ਹੋਰ ਜ਼ਰੂਰੀ ਸੇਵਾਵਾਂ ਨੂੰ ਲੋਕਾਂ ਦੇ ਘਰਾਂ ਤੱਕ ਪਹੁੰਚਾਉਣਾ ਹੋਵੇਗਾ। ਇਸ ਤੋਂ ਇਲਾਵਾ ਜ਼ਰੂਰਤਮੰਦ ਲੋਕਾਂ ਲਈ ਖਾਣਾ ਬਣਾਉਣ ਦੀ ਸੇਵਾ ਵੀ ਲਈ ਜਾਵੇਗੀ। ਦੂਸਰੀ ਕੈਟਾਗਰੀ ਪੇਸੈਂਟਟਰਾਂਸਪੋਰਟ ਵਲੰਟੀਅਰ ਦੀ ਹੈ ਅਤੇ ਇਹ ਵਲੰਟੀਅਰ ਉਨ੍ਹਾਂ ਮਰੀਜ਼ਾਂ ਦੇ

ਘਰਾਂ ਤੱਕ ਸੁਰੱਖਿਅਤ ਵਾਹਨ ਸੇਵਾਵਾਂ ਪ੍ਰਦਾਨ ਕਰਨਗੇ ਜਿਨ੍ਹਾਂ ਨੂੰ ਮੈਡੀਕਲ ਫਿੱਟ ਕਰਨ ਦੇ ਬਾਅਦ ਡਿਸਚਾਰਜ ਕੀਤਾ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਜ਼ਿਲ੍ਹੇ ਦੀਆਂ ਸਾਰੀਆਂ 838 ਗਰਾਮ ਪੰਚਾਇਤਾਂ ਵਿਚ ਹੋਇਆ ਸੈਨੇਟਾਈਜ਼ਰ ਦਾ ਛਿੜਕਾਅ, ਕੁੱਲ 6920 ਲੀਟਰ ਕੈਮੀਕਲ ਸੈਲੂਸ਼ਨ ਦਾ ਹੋਇਆ ਇਸਤੇਮਾਲ

ਪੇਂਡੂ ਇਲਾਕਿਆਂ ਨੂੰ ਕਰੋਨਾ ਵਾਇਰਸ ਦੇ ਚੱਲਦਿਆਂ ਰੋਗ ਮੁਕਤ ਬਣਾਉਣ ਲਈ ਸੰਪੰਨ ਹੋਈ ਸਭ ਤੋਂ ਵੱਡੀ ਮੁਹਿੰਮ

ਫਿਰੋਜ਼ਪੁਰ, 3 ਅਪ੍ਰੈਲ 2020.

ਸ਼ਹਿਰਾਂ ਦੀ ਤਰ੍ਹਾਂ ਪੇਂਡੂ ਇਲਾਕਿਆਂ ਨੂੰ ਰੋਗ ਮੁਕਤ ਕਰਨ ਦੇ ਲਈ ਸ਼ੈਨੇਟਾਈਜ਼ਰ ਦੇ ਛਿੜਕਾਅ ਦੀ ਮੁਹਿੰਮ ਪੂਰੀ ਹੋ ਗਈ ਹੈ, ਜਿਸ ਤਹਿਤ ਫਿਰੋਜ਼ਪੁਰ ਜ਼ਿਲ੍ਹੇ ਦੀਆਂ ਸਾਰੀਆਂ 838 ਗਰਾਮ ਪੰਚਾਇਤਾਂ ਵਿਚ ਕੀਟਨਾਸ਼ਕ ਸਪ੍ਰੇਅ ਦਾ ਛਿੜਕਾਅ ਕਰਵਾਇਆ ਗਿਆ ਹੈ। ਇਸ ਮੁਹਿੰਮ ਦੇ ਤਹਿਤ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੁੱਲ 6920 ਲੀਟਰ ਸਪ੍ਰੇਅ ਦਾ ਇਸਤੇਮਾਲ ਕੀਤਾ ਗਿਆ ਹੈ, ਜਿਸ ਨਾਲ ਸਾਰੇ ਪਿੰਡਾਂ ਵਿਚ ਛਿੜਕਾਅ ਕੀਤਾ ਗਿਆ ਹੈ।

ਵਿਸਥਾਰ ਨਾਲ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ  ਹਰਜਿੰਦਰ ਸਿੰਘ ਨੇ ਦੱਸਿਆ ਕਿ ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਦੀ ਅਗਵਾਈ ਵਿਚ ਪੂਰੇ ਜ਼ਿਲ੍ਹੇ ਵਿਚ ਕੀਟਾਣੂ ਨਾਸ਼ਕ ਸਪ੍ਰੇਅ ਦੇ ਛਿੜਕਾਅ ਦੀ ਇੱਕ ਖ਼ਾਸ ਮੁਹਿੰਮ ਚਲਾਈ ਗਈ ਸੀ।  ਇਸ ਦੇ ਤਹਿਤ ਗਰਾਮ ਪੰਚਾਇਤਾਂ ਦੇ ਸਹਿਯੋਗ ਨਾਲ ਸਪ੍ਰੇਅ ਕੀਤਾ ਗਿਆ ਅਤੇ ਫਿਰੋਜ਼ਪੁਰ ਦੇ ਸਾਰੇ ਪਿੰਡਾਂ ਵਿਚ ਇਹ ਸਪ੍ਰੇਅ ਮੁਕੰਮਲ ਹੋ ਚੁੱਕੀ ਹੈ। ਉਨ੍ਹਾਂ ਕਿਹਾ ਕਿ ਕਰਫ਼ਿਊ ਦੇ ਦੌਰਾਨ ਪਿੰਡਾਂ ਨੂੰ ਕੀਟਾਣੂ ਮੁਕਤ ਬਣਾਉਣ ਦੇ ਲਈ ਇਹ ਸਪ੍ਰੇਅ ਕੀਤਾ ਗਿਆ ਹੈ।

ਡਿਪਟੀ ਕਮਿਸ਼ਨਰ ਸ. ਕੁਲਵੰਤ ਸਿੰਘ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਪੰਜਾਬ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਦੇ ਤਹਿਤ ਲੋਕਾਂ ਨੂੰ ਕਰਫ਼ਿਊ ਦੇ ਦੌਰਾਨ ਹਰੇਕ ਤਰ੍ਹਾਂ ਦੀ ਸਹੂਲੀਅਤ ਮੁਹੱਈਆ ਕਰਵਾਉਣ ਅਤੇ ਪਿੰਡਾਂ ਤੇ ਸ਼ਹਿਰਾਂ ਨੂੰ ਕੀਟਾਣੂ ਮੁਕਤ ਰੱਖਣ ਦੇ ਲਈ ਵਚਨਬੱਧ ਹਾਂ ਪਰ ਇਸ ਲਈ ਲੋਕਾਂ ਦਾ  ਸਹਿਯੋਗ ਵੀ ਬਹੁਤ  ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਲੋਕ ਕਰਫ਼ਿਊ ਦੇ ਦੌਰਾਨ ਸੰਯਮ ਵਰਤਣ ਅਤੇ ਘਰਾਂ ਤੋਂ ਬਾਹਰ ਨਾ ਨਿਕਲਣ ਅਤੇ ਸਾਰੀਆਂ ਜ਼ਰੂਰੀ ਵਸਤੂਆਂ ਉਨ੍ਹਾਂ ਦੇ ਘਰਾਂ ਤੱਕ ਪਹੁੰਚਾਈਆਂ ਜਾਣਗੀਆਂ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਲੋਕ ਕਰਫ਼ਿਊ ਦੌਰਾਨ ਘਰਾਂ ਵਿਚ ਰਹਿਣ, ਲੰਗਰ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ: ਵਿਧਾਇਕ ਪਿੰਕੀ

ਕਿਹਾ, ਸਮਾਜ ਸੇਵੀ ਸੰਸਥਾਵਾਂ ਵੱਲੋਂ ਚਲਾਈ ਜਾ ਰਹੀ ਕਮਿਊਨਿਟੀ ਰਸੋਈ ਅਤੇ ਪਿੰਡਾਂ ਤੋਂ ਵੀ ਆ ਰਿਹਾ ਹੈ ਲੰਗਰ

ਫਿਰੋਜ਼ਪੁਰ, 3 ਅਪ੍ਰੈਲ 2020.

ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਕਰਫ਼ਿਊ ਦੌਰਾਨ ਲੋਕਾਂ ਨੂੰ ਸੰਯਮ ਵਰਤਣ, ਘਰਾਂ ਵਿਚ ਰਹਿਣ ਅਤੇ ਸਰਕਾਰ ਵੱਲੋਂ ਜਾਰੀ ਨਿਰਦੇਸ਼ਾਂ ਦਾ ਪਾਲਨ ਕਰਨ ਦੀ ਅਪੀਲ ਕੀਤੀ ਹੈ ਤਾਂ ਜੋ ਕਰੋਨਾ ਵਾਇਰਸ ਦੇ ਖਿਲਾਫ ਜੰਗ ਜਿੱਤੀ ਜਾ ਸਕੇ। ਉਨ੍ਹਾਂ ਕਿਹਾ ਕਿ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਲੋਕਾਂ ਤੱਕ ਜ਼ਰੂਰੀ ਵਸਤੂਆਂ ਦੀ ਸਪਲਾਈ ਯਕੀਨੀ ਬਣਾਉਣ ਲਈ ਕਈ ਤਰ੍ਹਾਂ ਦੇ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਗ਼ਰੀਬ ਅਤੇ ਜ਼ਰੂਰਤਮੰਦ ਲੋਕਾਂ ਤੱਕ ਲੰਗਰ ਪਹੁੰਚਾਉਣ ਲਈ ਸ਼ਹਿਰ ਵਿਚ ਕਈ ਜਗ੍ਹਾ ਕਮਿਊਨਿਟੀ ਰਸੋਈਆਂ ਸਥਾਪਿਤ ਕੀਤੀਆਂ ਗਈਆਂ ਹਨ। ਸ੍ਰੀ ਰਾਮ ਸ਼ਰਣਮ ਆਸ਼ਰਮ ਵਿਚ 3000 ਲੋਕਾਂ ਦਾ ਲੰਗਰ ਬਣ ਰਿਹਾ ਹੈ। ਗੁਰੂਦੁਆਰਾ ਜੱਜਘਰ ਕੰਬੋਜ ਨਗਰ ਵਿਚ 2 ਹਜ਼ਾਰ ਲੋਕਾਂ, ਚਰਚ ਵਿਚ 1500 ਲੋਕਾਂ, ਗੁਰੂ ਰਾਮਦਾਸ ਨਗਰ ਵਿਚ 2 ਹਜ਼ਾਰ ਲੋਕਾਂ, ਬੀਡੀਪੀਓ ਦਫ਼ਤਰ ਵਿਚ 1500 ਲੋਕਾਂ, ਰਾਧਾ ਸੁਆਮੀ ਸਤਸੰਗ ਘਰ ਵਿਚ 5 ਹਜ਼ਾਰ ਲੋਕਾਂ, ਬਾਰੇਕੇ ਵਿਚ 5 ਹਜ਼ਾਰ ਲੋਕਾਂ, ਖ਼ਾਲਸਾ ਗੁਰੂਦੁਆਰਾ ਵਿਚ 2 ਹਜ਼ਾਰ ਲੋਕਾਂ, ਬਿਰਧ ਆਸ਼ਰਮ ਵਿਚ 400 ਲੋਕਾਂ, ਬਸਤੀ ਟੈਂਕਾ ਵਾਲੀ ਗੁਰੂਦੁਆਰਾ ਸਾਹਿਬ ਵਿਚ 300 ਲੋਕਾਂ ਦਾ ਲੰਗਰ ਤਿਆਰ ਹੋ ਰਿਹਾ ਹੈ।

ਵਿਧਾਇਕ ਪਰਮਿੰਦਰ ਸਿੰਘ ਪਿੰਕੀ ਨੇ ਕਿਹਾ ਕਿ ਲੰਗਰ ਦੀ ਕੋਈ ਕਮੀ ਨਹੀਂ ਹੈ। ਪਿੰਡਾਂ ਤੋਂ ਵੀ ਲੰਗਰ ਤਿਆਰ ਹੋ ਕੇ ਸ਼ਹਿਰ ਪਹੁੰਚ ਰਿਹਾ ਹੈ ਅਤੇ ਇਹ ਜ਼ਰੂਰਤਮੰਦ ਅਤੇ ਗ਼ਰੀਬ ਲੋਕਾਂ ਦੇ ਘਰਾਂ ਤੱਕ ਪਹੁੰਚਾਇਆ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਲੋਕ ਸਿਰਫ਼ ਆਪਣੇ ਘਰਾਂ ਵਿਚ ਰਹਿਣ ਅਤੇ ਸੋਸ਼ਲ ਡਿਸਟੈਂਸਿੰਗ ਦੇ ਨਿਯਮ ਦਾ ਪਾਲਨ ਕਰਨ, ਲੰਗਰ ਅਤੇ ਜ਼ਰੂਰੀ ਸਮਾਨ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫਸਰ, ਫਿਰੋਜ਼ਪੁਰ

ਗ਼ਰੀਬ ਅਤੇ ਜ਼ਰੂਰਤਮੰਦ ਲੋਕਾਂ ਤੱਕ ਰਾਸ਼ਨ ਅਤੇ ਲੰਗਰ ਪਹੁੰਚਾਉਣ ਦੇ ਲਈ ਸ਼ਹਿਰ ਨੂੰ ਚਾਰ ਜ਼ੋਨਾਂ ਵਿਚ ਵੰਡਿਆਂ, ਹਰ ਜ਼ੋਨ ਵਿਚ ਲਗਾਏ ਨੋਡਲ ਅਫਸਰ

ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਮਾਜ ਸੇਵੀ ਅਤੇ ਧਾਰਮਿਕ ਸੰਗਠਨਾਂ ਦੇ ਸਹਿਯੋਗ ਨਾਲ ਵੱਖ-ਵੱਖ ਜਗ੍ਹਾ ਤੋਂ ਹੋ ਰਹੀ ਹੈ ਰਾਸ਼ਨ ਅਤੇ ਲੰਗਰ ਦੀ ਸਪਲਾਈ

ਫਿਰੋਜ਼ਪੁਰ, 3 ਅਪ੍ਰੈਲ 2020.

ਕਰਫ਼ਿਊ ਦੌਰਾਨ ਜ਼ਰੂਰਤਮੰਦ ਅਤੇ ਗ਼ਰੀਬ ਲੋਕਾਂ ਤੱਕ ਰਾਸ਼ਨ ਅਤੇ ਲੰਗਰ ਪਹੁੰਚਾਉਣ ਦੇ ਲਈ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸ਼ਹਿਰ ਨੂੰ ਚਾਰ ਜ਼ੋਨਾਂ ਵਿਚ ਵੰਡਿਆਂ ਗਿਆ ਹੈ ਅਤੇ ਹਰੇਕ ਜ਼ੋਨ ਵਿਚ ਨੋਡਲ ਅਫਸਰ ਤੈਨਾਤ

ਕੀਤਾ ਗਿਆ ਹੈ। ਇਹ ਸਾਰੇ ਨੋਡਲ ਅਫਸਰ ਲੋਕਾਂ ਤੱਕ ਪਹੁੰਚ ਰਹੇ ਰਾਸ਼ਨ ਅਤੇ ਲੰਗਰ ਦੇ ਕੰਮਾਂ ਦੀ ਨਿਗਰਾਨੀ ਕਰਨਗੇ।

ਨਗਰ ਕੌਂਸਲ ਵੱਲੋਂ ਸ਼ਹਿਰ ਨੂੰ ਵੱਖ-ਵੱਖ ਵਾਰਡਾਂ ਦੇ ਹਿਸਾਬ ਨਾਲ ਚਾਰ ਜ਼ੋਨਾਂ ਵਿਚ ਵੰਡਿਆਂ ਗਿਆ ਹੈ। ਜ਼ੋਨ ਏ ਵਿਚ ਵਾਰਡ ਨੰਬਰ 1,2,18,19,27, 28, 29, 30 ਅਤੇ 31 ਨੂੰ ਰੱਖਿਆ ਗਿਆ ਹੈ। ਇਨ੍ਹਾਂ ਵਾਰਡਾਂ ਨਾਲ ਸਬੰਧਿਤ ਗ਼ਰੀਬ ਅਤੇ ਜ਼ਰੂਰਤਮੰਦ ਲੋਕਾਂ ਨੂੰ ਰਾਮ ਸ਼ਰਣਮ ਆਸ਼ਰਮ ਤੋਂ ਲੰਗਰ ਅਤੇ ਰਾਸ਼ਨ ਦੀ ਸਪਲਾਈ ਹੋਵੇਗੀ।

ਇਸੇ ਤਰ੍ਹਾਂ ਜ਼ੋਨ ਬੀ ਵਿਚ ਵਾਰਡ ਨੰਬਰ 3 ਤੋਂ 13 ਤੱਕ ਨੂੰ ਰੱਖਿਆ ਗਿਆ ਹੈ ਜਿਨ੍ਹਾਂ ਨੂੰ ਜੱਜਘਰ ਦੁਲਚੀਕੇ ਰੋਡ, ਰਾਧਾ ਸੁਆਮੀ ਸਤਸੰਗ ਘਰ, ਹੋਟਲ ਗ੍ਰੈਂਡ ਤੋਂ  ਲੋਕਾਂ ਨੂੰ ਜ਼ਰੂਰੀ ਸਮਾਨ  ਮੁਹੱਈਆ ਕਰਵਾਇਆ ਜਾਵੇਗਾ। ਇਸੇ ਤਰ੍ਹਾਂ ਜ਼ੋਨ ਸੀ ਵਿਚ 14,15,16,17, 19,20, 2 ਅਤੇ 6 ਨੂੰ ਰੱਖਿਆ ਗਿਆ ਹੈ, ਜਿੱਥੇ ਰਾਧਾ ਸੁਆਮੀ ਸਤਸੰਗ ਘਰ ਅਤੇ ਗੁਰੂਦੁਆਰਾ ਗੁਰੂ ਤੇਗ਼ ਬਹਾਦੁਰ ਸਾਹਿਬ, ਗੁਰੂ ਰਾਮਦਾਸ ਨਗਰ ਤੋਂ ਰਾਸ਼ਨ ਅਤੇ ਲੰਗਰ ਦੀ ਸਪਲਾਈ ਹੋਵੇਗੀ।  ਇਸ ਤੋਂ ਇਲਾਵਾ ਜ਼ੋਨ ਡੀ ਵਿਚ ਵਾਰਡ ਨੰਬਰ 21 ਤੋਂ 25 ਤੱਕ ਨੂੰ ਰੱਖਿਆ ਗਿਆ ਹੈ। ਜਿੱਥੇ ਹਰੀਸ਼ ਹੋਟਲ ਤੋਂ ਜ਼ਰੂਰੀ ਸਮਾਨ ਮੁਹੱਈਆ ਕਰਵਾਇਆ ਜਾਵੇਗਾ। ਇਹ ਕੰਮ ਵੱਖ-ਵੱਖ ਸਮਾਜ ਸੇਵੀ ਅਤੇ ਧਾਰਮਿਕ ਸੰਗਠਨਾਂ ਦੇ ਸਹਿਯੋਗ ਨਾਲ ਜ਼ਿਲ੍ਹਾ ਪ੍ਰਸ਼ਾਸਨ ਨਾਲ ਮਿਲ ਕੇ ਕੀਤਾ ਜਾਵੇਗਾ। ਚਾਰ ਜ਼ੋਨਾਂ ਦੇ ਲਈ ਨੋਡਲ ਅਫਸਰ ਵੀ ਤੈਨਾਤ ਕੀਤੇ ਗਏ ਹਨ, ਜੋ ਕਿ ਪੂਰੀ ਪ੍ਰਕਿਰਿਆ ਦੀ ਨਿਗਰਾਨੀ ਕਰਨਗੇ।

ਦਫ਼ਤਰ ਜ਼ਿਲ੍ਹਾ ਲੋਕ ਸੰਪਰਕ ਅਫ਼ਸਰ, ਫ਼ਿਰੋਜ਼ਪੁਰ

ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਕੇਂਦਰੀ ਜੇਲ੍ਹ ਵਿੱਚ ਕਰਵਾਈ ਗਈ ਕੀਟਨਾਸ਼ਕ ਸਪਰੇਅ

ਕੋਰੋਨਾ ਵਾਇਰਸ ਤੋਂ ਛੁਟਕਾਰਾ ਪਾਉਣ ਲਈ ਲੋਕ ਸਰਵਜਨਕ ਥਾਵਾਂ 'ਤੇ ਬਿਲਕੁਲ ਨਾ ਜਾਣ ਅਤੇ ਭੀੜ ਤੋਂ ਦੂਰ ਰਹਿਣ-ਕਾਰਜ ਸਾਧਕ ਅਫਸਰ

ਫਿਰੋਜ਼ਪੁਰ 3 ਅਪ੍ਰੈਲ 2020.

ਕਰੋਨਾ ਵਾਇਰਸ ਨੂੰ ਮੱਦੇਨਜ਼ਰ ਰੱਖਦੇ ਹੋਏ ਡਿਪਟੀ ਕਮਿਸ਼ਨਰ ਦੇ ਦਿਸ਼ਾ-ਨਿਰਦੇਸ਼ਾਂ 'ਤੇ ਜ਼ਿਲ੍ਹੇ ਨੂੰ ਕੀਟਾਣੂ ਮੁਕਤ ਕਰਨ ਲਈ ਨਗਰ ਕੌਂਸਲ ਵੱਲੋਂ ਖ਼ਾਸ ਮੁਹਿੰਮ ਚਲਾਈ ਗਈ ਹੈ ਜਿਸ ਤਹਿਤ ਕਈ ਥਾਵਾਂ 'ਤੇ ਕੀਟਾਣੂ ਨਾਸ਼ਕ ਸਪਰੇਆਂ ਕਰਵਾਈਆਂ ਜਾ ਰਹੀਆਂ ਹਨ, ਇਸੇ ਲੜੀ ਤਹਿਤ ਸ਼ੁੱਕਰਵਾਰ ਨੂੰ ਕੇਂਦਰੀ ਜੇਲ੍ਹ ਫਿਰੋਜ਼ਪੁਰ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਦੀ ਅਗਵਾਈ ਵਿੱਚ ਨਗਰ ਕੌਂਸਲ ਦੇ ਅਧਿਕਾਰੀਆਂ ਵੱਲੋਂ ਕੀਟਨਾਸ਼ਕ ਸਪਰੇਅ ਕਰਵਾਈ ਗਈ।

ਇਹ ਜਾਣਕਾਰੀ ਦਿੰਦਿਆਂ ਨਗਰ ਕੌਂਸਲ ਦੇ ਕਾਰਜ ਸਾਧਕ ਅਫਸਰ ਪਰਮਿੰਦਰ ਸਿੰਘ ਸੁਖੀਜਾ ਨੇ ਦੱਸਿਆ ਕਿ ਇਨ੍ਹਾਂ ਥਾਵਾਂ 'ਤੇ ਜ਼ਿਆਦਾ ਲੋਕਾਂ ਦੇ ਆਉਣ ਕਾਰਨ ਕੀਟਾਣੂਆਂ ਦੀ ਸੰਭਾਵਨਾ ਜ਼ਿਆਦਾ ਹੁੰਦੀ ਹੈ ਇਸੇ ਮਕਸਦ ਲਈ ਇਹ ਸਪਰੇਅ ਕਰਵਾਈ ਗਈ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਇਨ੍ਹਾਂ ਦਿਨਾਂ ਵਿਚ ਸਰਕਾਰ ਵੱਲੋਂ ਜਾਰੀ ਐਡਵਾਈਜ਼ਰੀ ਦਾ ਪਾਲਣ ਕਰਦੇ ਹੋਏ ਸਰਵਜਨਕ ਥਾਵਾਂ 'ਤੇ ਬਿਲਕੁਲ ਨਾ ਜਾਣ ਅਤੇ ਭੀੜ ਤੋਂ ਦੂਰ ਰਹਿਣ। ਉਨ੍ਹਾਂ ਕਿਹਾ ਕਿ ਡਿਪਟੀ ਕਮਿਸ਼ਨਰ ਨੇ ਜ਼ਿਲ੍ਹੇ ਵਿਚ ਕੋਰੋਨਾ ਵਾਇਰਸ ਨੂੰ ਲੈ ਕੇ ਲੋਕਾਂ ਨੂੰ ਸਾਵਧਾਨੀ ਵਰਤਣ ਅਤੇ ਜਾਗਰੂਕ ਰਹਿਣ ਲਈ ਪਬਲਿਕ ਅਨਾਊਂਸਮੈਂਟ ਵੀ ਸ਼ੁਰੂ ਕਰਵਾ ਦਿੱਤੀ ਹੈ। ਸਾਰੀਆਂ ਧਾਰਮਿਕ ਥਾਵਾਂ 'ਤੇ ਵੀ ਅਨਾਊਂਸਮੈਂਟ ਕਰਵਾਈ ਜਾ ਰਹੀ ਹੈ ਜਿਸ ਵਿਚ ਲੋਕਾਂ ਨੂੰ ਘਰਾਂ ਵਿਚ ਰਹਿਣ, ਸੰਯਮ ਵਰਤਣ, ਭੀੜ-ਭਾੜ ਵਿਚ ਨਾ ਜਾਣ ਲਈ ਅਪੀਲ ਕੀਤੀ ਜਾ ਰਹੀ ਹੈ। ਉਨ੍ਹਾਂ ਨੇ ਕਿਹਾ ਕਿ ਲੋਕਾਂ ਦੇ ਸਹਿਯੋਗ ਨਾਲ ਹੀ ਇਸ ਵਾਇਰਸ 'ਤੇ ਕੰਟਰੋਲ ਕੀਤਾ ਜਾ ਸਕਦਾ ਹੈ।

District Public Relations Officer, Ferozepur

District Administration to facilitate farmers through special curfew passes for procuring combines, spare parts from other states: DC

Deputy Commissioner urged farmers to practice social distancing in Mandis during procurement in coming Rabi season

Ferozepur, April 3-

District Administration was fully geared up for the coming Rabi Season to conduct smooth procurement and was committed to facilitating farmers through special curfew passes for procuring combines, spare parts, and other farm machinery, said Deputy Commissioner Ferozepur Mr. Kulwant Singh on Friday issuing a video message for the farmers of the district.

The deputy commissioner urged farmers not to be panic for the harvesting and procurement of their crops as the district administration has already planned hassle-free movement of farmers in the district. Mr. Kulwant Singh asked all the farmers to approach the district administration for issuance of special curfew passes to procure machinery, combines and spare parts as special arrangements have been made for the same.

He stated that the district administration is completely aware of the fact that farmers have to move to other states to bring back their combines and to procure farm equipment for the harvesting and is committed to facilitating them by issuing special passes.

The deputy commissioner further added that the elaborate arrangements have been made for the procurement during Rabi season and urged all the farmers to practice social distancing during the procurement procedure adding he said that the administration is planning special schedules for the various villages to avoid crowd building in the Mandis.

Mr. Kulwant Singh stated that the district administration is arranging for the harvesting for the farmers who have landed across the wiring at Indo-Pak international border as the issue has been brought in the knowledge of state government and hoped it to get resolved within a couple of days.

In the end, the deputy commissioner once again reiterated that the farmers that the district administration would leave no stone unturned to ensure the hassle-free movement of farmers, their equipment and spare parts in the district and the procurement procedure would take place smoothly.

District public relations officer, Ferozepur

District Administration fixes prices of 23 grocery items to tackle the problem of hoarding and overcharging in Ferozepur

Deputy Commissioner warns shopkeepers of punitive action under the essential commodities Act 1955

Ferozepur, April 3-

Taking concrete steps against the hoarding and exorbitant pricing, the district administration Ferozepur on Friday has fixed the maximum price of 23 grocery items in the district.

Divulging more, Deputy Commissioner Ferozepur Mr. Kulwant Singh said that it has come to his notice that some shopkeepers taking the advantage of the crisis arising from the Coronavirus pandemic were charging exorbitant prices of the commodities being used in day to day routine including a vast variety of grocery items. He further added that to tackle this hoarding and overcharging the district administration under the essential commodities Act 1955 has fixed the prices of these commodities and punitive action would be taken against the shopkeepers violating these orders.

Following the various complaints of the citizens, the deputy commissioner then directed controller food and civil supplies to fix the price of these commodities which includes Rice (various types of Rice), Atta, Maida, Besan, Ghee, Refined Oil, Tea, Suger, Mirch, Haldi, Salt, Safety Matches, Soap, Mix Dal, Rajmah, Chana Small Loose, Kabuli Chana, Moong Dal Chilka, Moong Dal Dhuli Loose, Moong whole Loose, Chana Dal Loose, and Tur Dal. Acting swiftly on DC's directives the department of food and civil supplies has fixed the price of these essential commodities. The deputy commissioner warns shopkeepers of strict action if they don’t follow the orders and still charge exorbitant prices for these essential items.